**ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੂੰ ਸ਼੍ਰੀਲੰਕਾ ਦੇ ਰਾਸ਼ਟਰਪਤੀ ਨੇ ਫੋਨ ਕਾਲ ਕੀਤੀ (24 ਮਾਰਚ, 2026)**

24 ਮਾਰਚ, 2026

ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੂੰ ਅੱਜ ਸ਼੍ਰੀਲੰਕਾ ਦੇ ਰਾਸ਼ਟਰਪਤੀ, ਮਹਾਮਹਿਮ ਅਨੁਰਾ ਕੁਮਾਰ ਦਿਸਾਨਾਯਕੇ ਨੇ ਟੈਲੀਫੋਨ ਕਾਲ ਕੀਤੀ।

2. ਦੋਵਾਂ ਲੀਡਰਾਂ ਨੇ ਵਿਸ਼ਵ ਊਰਜਾ ਸੁਰੱਖਿਆ ਨੂੰ ਪ੍ਰਭਾਵਿਤ ਕਰਨ ਵਾਲੇ ਵਿਘਨਾਂ 'ਤੇ ਜ਼ੋਰ ਦੇ ਕੇ ਪੱਛਮੀ ਏਸ਼ੀਆ ਵਿੱਚ ਪੈਦਾ ਹੋਈ ਸਥਿਤੀ 'ਤੇ ਚਰਚਾ ਕੀਤੀ।

3. ਦੋਵੇਂ ਲੀਡਰਾਂ ਨੇ ਸਮੁੱਚੇ ਵਿਸ਼ਵ ਦੇ ਹਿੱਤ ਵਿੱਚ ਸ਼ਿਪਿੰਗ ਲਾਈਨਾਂ ਨੂੰ ਖੁੱਲੀਆਂ ਅਤੇ ਸੁਰੱਖਿਅਤ ਰੱਖਣ ਦੇ ਮਹੱਤਵ ਨੂੰ ਦੁਹਰਾਇਆ।

4. ਦੋਵੇਂ ਲੀਡਰਾਂ ਨੇ ਭਾਰਤ-ਸ਼੍ਰੀਲੰਕਾ ਊਰਜਾ ਸਹਿਯੋਗ ਨੂੰ ਮਜ਼ਬੂਤ ਕਰਨ ਅਤੇ ਖੇਤਰੀ ਸੁਰੱਖਿਆ ਨੂੰ ਵਧਾਉਣ ਦੇ ਉਦੇਸ਼ ਨਾਲ ਵੱਖ-ਵੱਖ ਪਹਿਲਕਦਮੀਆਂ 'ਤੇ ਹੋਈ ਪ੍ਰਗਤੀ ਦੀ ਸਮੀਖਿਆ ਕੀਤੀ।

5. ਪ੍ਰਧਾਨ ਮੰਤਰੀ ਨੇ ਭਾਰਤ ਦੀ 'ਗੁਆਂਢ ਪਹਿਲਾਂ' ਨੀਤੀ ਅਤੇ ਮਹਾਸਾਗਰ ਵਿਜ਼ਨ ਦੇ ਅਨੁਸਾਰ ਸਾਂਝੀਆਂ ਚੁਣੌਤੀਆਂ ਨਾਲ ਨਜਿੱਠਣ ਵਿੱਚ ਮਿਲ ਕੇ ਕੰਮ ਕਰਨ ਦੀ ਭਾਰਤ ਦੀ ਦ੍ਰਿੜ ਵਚਨਬੱਧਤਾ ਨੂੰ ਦੁਹਰਾਇਆ।

6. ਦੋਵੇਂ ਲੀਡਰ ਸੰਪਰਕ ਵਿੱਚ ਰਹਿਣ ਲਈ ਸਹਿਮਤ ਹੋਏ।

ਨਵੀਂ ਦਿੱਲੀ

24 ਮਾਰਚ, 2026